# ਭੂਟਾਨ ਦੇ ਪ੍ਰਧਾਨ ਮੰਤਰੀ ਦਾ ਭਾਰਤ ਨੂੰ ਅਧਿਕਾਰਤ ਦੌਰਾ (ਮਾਰਚ 14-18, 2024)

ਮਾਰਚ 13, 2024

ਭੂਟਾਨ ਦੇ ਪ੍ਰਧਾਨ ਮੰਤਰੀ ਮਹਾਮਹਿਮ ਦਾਸ਼ੋ ਸ਼ੇਰਿੰਗ ਤੋਬਗੇ 14-18 ਮਾਰਚ, 2024 ਤੱਕ ਭਾਰਤ ਦੇ ਇੱਕ ਅਧਿਕਾਰਤ ਦੌਰੇ 'ਤੇ ਹੋਣਗੇ। ਆਗਾਮੀ ਦੌਰਾ, ਜਨਵਰੀ 2024 ਵਿੱਚ ਅਹੁਦਾ ਸੰਭਾਲਣ ਤੋਂ ਬਾਅਦ ਪ੍ਰਧਾਨ ਮੰਤਰੀ ਦਾਸ਼ੋ ਸ਼ੇਰਿੰਗ ਤੋਬਗੇ ਜੀ ਦਾ ਪਹਿਲਾ ਵਿਦੇਸ਼ੀ ਦੌਰਾ ਹੈ। ਭੂਟਾਨ ਦੇ ਪ੍ਰਧਾਨ ਮੰਤਰੀ ਦੇ ਨਾਲ ਵਿਦੇਸ਼ ਮਾਮਲਿਆਂ ਅਤੇ ਵਿਦੇਸ਼ ਵਪਾਰ ਮੰਤਰੀ, ਊਰਜਾ ਅਤੇ ਕੁਦਰਤੀ ਸਰੋਤ ਮੰਤਰੀ, ਉਦਯੋਗ, ਵਣਜ ਅਤੇ ਰੁਜ਼ਗਾਰ ਮੰਤਰੀ ਅਤੇ ਭੂਟਾਨ ਦੀ ਸ਼ਾਹੀ ਸਰਕਾਰ ਦੇ ਸੀਨੀਅਰ ਅਧਿਕਾਰੀ ਵੀ ਉਨ੍ਹਾਂ ਨਾਲ ਸ਼ਾਮਲ ਹੋਣਗੇ।

2. ਦੌਰੇ ਦੇ ਦੌਰਾਨ ਭੂਟਾਨ ਦੇ ਪ੍ਰਧਾਨ ਮੰਤਰੀ ਰਾਸ਼ਟਰਪਤੀ ਸ਼੍ਰੀਮਤੀ ਦਰੋਪਦੀ ਮੁਰਮੂ ਜੀ ਨਾਲ ਮੁਲਾਕਾਤ ਕਰਨਗੇ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਾਲ ਦੁਵੱਲੀ ਵਾਰਤਾ ਕਰਨਗੇ। ਵਿਦੇਸ਼ ਮੰਤਰੀ ਅਤੇ ਹੋਰ ਭਾਰਤੀ ਪਤਵੰਤੇ ਭੂਟਾਨ ਦੇ ਪ੍ਰਧਾਨ ਮੰਤਰੀ ਨਾਲ ਮਿਲਣਗੇ। ਪ੍ਰਧਾਨ ਮੰਤਰੀ ਸ਼ੇਰਿੰਗ ਤੋਬਗੇ ਉਨ੍ਹਾਂ ਦੀ ਯਾਤਰਾ ਦੌਰਾਨ ਮੁੰਬਈ ਦਾ ਵੀ ਦੌਰਾ ਕਰਨਗੇ।

3. ਭਾਰਤ ਅਤੇ ਭੂਟਾਨ ਸਾਰੇ ਪੱਧਰਾਂ ਵਿੱਚ ਭਰੋਸਾ, ਸਦਭਾਵਨਾ ਅਤੇ ਆਪਸੀ ਸਮਝ 'ਤੇ ਅਧਾਰਿਤ ਬੇਮਿਸਾਲ ਦੋਸਤੀ ਅਤੇ ਸਹਿਯੋਗ ਦੇ ਸੰਬੰਧਾਂ ਦਾ ਆਨੰਦ ਮਾਣਦੇ ਹਨ। ਭੂਟਾਨ ਦੇ ਪ੍ਰਧਾਨ ਮੰਤਰੀ ਦਾ ਇਹ ਦੌਰਾ ਦੋਵੇਂ ਪੱਖਾਂ ਨੂੰ ਸਾਡੀ ਅਨੋਖੀ ਹਿੱਸੇਦਾਰੀ ਵਿੱਚ ਹੋਈ ਤਰੱਕੀ ਦੀ ਸਮੀਖਿਆ ਕਰਨ ਅਤੇ ਭਾਰਤ ਅਤੇ ਭੂਟਾਨ ਵਿਚਕਾਰ ਦੋਸਤੀ ਅਤੇ ਸਹਿਯੋਗ ਦੇ ਸਥਾਈ ਸੰਬੰਧਾਂ ਨੂੰ ਅੱਗੇ ਵਧਾਉਣ ਵਾਸਤੇ ਰਸਤੇ ਅਤੇ ਮਾਧਿਅਮ ਬਾਰੇ ਚਰਚਾ ਕਰਨ ਦਾ ਇੱਕ ਮੌਕਾ ਪ੍ਰਦਾਨ ਕਰੇਗਾ।

**ਨਵੀਂ ਦਿੱਲੀ**
**ਮਾਰਚ 13, 2024**